SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 135 | Friday, July 14, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ, ਦੋ ਮਸ਼ਕੂਕ ਹਿਰਾਸਤ ਵਿੱਚ ਦੋ ਫਰਾਰ

ਟੋਰਾਂਟੋ, 13 ਜੁਲਾਈ (ਪੋਸਟ ਬਿਊਰੋ) : ਮੌਸ ਪਾਰਕ ਵਿੱਚ ਛੁਰੇਬਾਜ਼ੀ ਵਿੱਚ ਇੱਕ ਵਿਅਕਤੀ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰਨ ਵਾਲੇ ਦੋ ਵਿਅਕਤੀਆਂ ਨੂੰ ਟੋਰਾਂਟੋ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਹੈ ਜਦਕਿ ਦੋ ਅਜੇ ਵੀ ਫਰਾਰ ਹਨ।

ਵੀਰਵਾਰ ਨੂੰ ਛੁਰੇਬਾਜ਼ੀ ਦੀ ਰਿਪੋਰਟ ਮਿਲਣ ਤੋਂ ਬਾਅਦ 2:30 ਵਜੇ ਪੁਲਿਸ ਸ਼ੇਰਬੌਰਨ ਤੇ ਸ਼ਟਰ ਸਟਰੀਟ ਇਲਾਕੇ ਵਿੱਚ ਪਹੁੰਚੀ। ਪੈਰਾਮੈਡਿਕਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇੱਕ ਵਿਅਕਤੀ, ਜੋ ਕਿ ਆਪਣੇ 30ਵਿਆਂ ਵਿੱਚ ਸੀ, ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਜਿੱਥੇ ਉਸ ਦੀ ਹਾਲਤ ਗੰਭੀਰ ਪਰ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਬਾਅਦ ਵਿੱਚ ਇੱਕ ਪੁਰਸ਼ ਤੇ ਮਹਿਲਾ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਪੁਲਿਸ ਅਜੇ ਦੋ ਹੋਰ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ। ਪੁਲਿਸ ਵੱਲੋਂ ਜਾਰੀ ਕੀਤੇ ਗਏ ਉਨ੍ਹਾਂ ਦੇ ਵੇਰਵੇ ਅਨੁਸਾਰ ਇੱਕ ਬਲੈਕ ਵਿਅਕਤੀ, ਜਿਸ ਦੀ ਉਮਰ 40 ਤੋਂ 50 ਸਾਲਾਂ ਦਰਮਿਆਨ ਹੈ, ਪੰਜ ਫੁੱਟ ਛੇ ਇੰਚ ਜਾਂ ਸੱਤ ਇੰਚ ਲੰਮਾਂ ਹੈ, ਉਸ ਦਾ ਸ਼ਰੀਰ ਭਾਰਾ, ਕਾਲੇ ਨਿੱਕੇ ਵਾਲ ਹਨ ਤੇ ਉਸ ਨੇ ਨੀਲੇ ਰੰਗ ਦੀ ਸ਼ਰਟ, ਨੀਲੀ ਜੀਨ ਤੇ ਕਾਲੇ ਰੰਨਿੰਗ ਸ਼ੂਜ਼ ਪਾਏ ਹੋਏ ਹਨ। ਦੂਜਾ ਵਿਅਕਤੀ ਗੋਰਾ ਤੇ 30 ਸਾਲਾਂ ਦਾ ਹੈ, ਉਹ ਪੰਜ ਫੁੱਟ 10 ਇੰਚ ਜਾਂ ਛੇ ਫੁੱਟ ਲੰਮਾ ਹੋ ਸਕਦਾ ਹੈ, ਉਸ ਦੀ ਕੱਦਕਾਠੀ ਪਤਲੀ, ਲੰਮੇਂ ਕਾਲੇ ਵਾਲ ਹਨ, ਉਸ ਨੂੰ ਆਖਰੀ ਵਾਰੀ ਚਿੱਟੇ ਰੰਗ ਦੀ ਟੀ-ਸ਼ਰਟ ਤੇ ਲਾਲ ਸ਼ੌਰਟਸ ਵਿੱਚ ਵੇਖਿਆ ਗਿਆ।

## ਕੈਂਸਰ ਫੈਲਾਉਣ ਵਾਲੇ ਕੈਮੀਕਲ ਨਾਲ ਗੰਧਲੀ ਹੋ ਰਹੀ ਹੈ ਹੈਮਿਲਟਨ ਸਿਟੀ

ਹੈਮਿਲਟਨ, 13 ਜੁਲਾਈ (ਪੋਸਟ ਬਿਊਰੋ) : ਇੱਕ ਏਅਰ ਮੌਨੀਟਰਿੰਗ ਐਕਸਪੈਰੀਮੈਂਟ ਤੋਂ ਸਾਹਮਣੇ ਆਇਆ ਹੈ ਕਿ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨੂੰ ਜਨਮ ਦੇਣ ਵਾਲੇ ਕੈਮੀਕਲ ਸਮੁੱਚੀ ਹੈਮਿਲਟਨ ਸਿਟੀ, ਓਨਟਾਰੀਓ ਨੂੰ ਗੰਧਲਾ ਕਰ ਰਹੇ ਹਨ।

ਇਸ ਅਧਿਐਨ ਵਿੱਚ ਪਾਇਆ ਗਿਆ ਕਿ ਹੈਮਿਲਟਨ ਵਿੱਚ ਬੈਂਜ਼ੋ (ਏ)ਪਾਇਰੀਨ, ਜੋ ਕਿ ਕਾਰਸੀਨੋਜੈਨਿਕ ਕੈਮੀਕਲ ਹੈ, ਦੀ ਮਿਕਦਾਰ ਓਨਟਾਰੀਓ ਦੀ ਹਵਾ ਦੇ ਮਿਆਰ ਸਬੰਧੀ ਗਾਈਡਲਾਈਨਜ਼ ਤੋਂ ਕਿਤੇ ਜ਼ਿਆਦਾ ਟੱਪ ਚੁੱਕੀ ਹੈ। ਯੂਨੀਵਰਸਿਟੀ ਆਫ ਟੋਰਾਂਟੋ ਦੇ ਐਸੋਸਿਏਟ ਪ੍ਰੋਫੈਸਰ ਤੇ ਇਸ ਅਧਿਐਨ ਨੂੰ ਕੋ-ਆਰਡੀਨੇਟ ਕਰਨ ਵਾਲੇ ਏਅਰ ਕੁਆਲਿਟੀ ਮਾਹਿਰ ਮੈਥਿਊ ਐਡਮਜ਼ ਨੇ ਦੱਸਿਆ ਕਿ ਹਵਾ ਦਾ ਮਿਆਰ ਐਨਾ ਖਰਾਬ ਹੈ ਜਿਵੇਂ ਦਿਨ ਵਿੱਚ ਤੁਸੀਂ ਇੱਕ ਸਿਗਰਟ ਫੂਕ ਰਹੇ ਹੋਵੋਂ।

ਇਸ ਅਧਿਐਨ ਦੀ ਅਗਵਾਈ ਸਿਟੀ ਆਫ ਹੈਮਿਲਟਨ ਵੱਲੋਂ ਕੀਤੀ ਜਾ




ਰਹੀ ਹੈ ਤੇ ਇਸ ਨੂੰ ਹੈਲਥ ਕੈਨੇਡਾ ਵੱਲੋਂ ਫੰਡ ਕੀਤਾ ਗਿਆ ਹੈ। ਇਹ ਅਧਿਐਨ ਲੱਗਭਗ ਦੋ ਸਾਲਾਂ ਤੋਂ ਚੱਲ ਰਿਹਾ ਸੀ। ਇਸ ਅਰਸੇ ਦੌਰਾਨ ਹਵਾ ਦੇ ਮਿਆਰ ਦੀ ਜਾਂਚ ਕਰਨ ਲਈ ਹਰੇਕ ਵਾਰਡ ਵਿੱਚ ਸੜਕਾਂ ਉੱਤੇ ਲੱਗੇ ਖੰਭਿਆਂ ਉੱਤੇ 60 ਏਅਰ ਮੌਨੀਟਰ ਲਾਏ ਗਏ। ਮੰਗਲਵਾਰ ਰਾਤ ਨੂੰ ਇਸ ਅਧਿਐਨ ਦੇ ਨਤੀਜਿਆਂ ਉੱਤੇ ਵਿਚਾਰ ਵਟਾਂਦਰਾ ਕਰਨ ਲਈ ਪਬਲਿਕ ਟਾਊਨ ਹਾਲ ਦਾ ਆਯੋਜਨ ਵੀ ਕੀਤਾ ਗਿਆ।

ਇਸ ਅਧਿਐਨ ਵਿੱਚ ਪਾਇਆ ਗਿਆ ਕਿ ਬੈਂਜ਼ੋ (ਏ) ਪਾਇਰੀਨ, ਅਜਿਹਾ ਕੈਮੀਕਲ ਜਿਹੜਾ ਕੁੱਝ ਤੱਤਾਂ ਦੇ ਸਹੀ ਢੰਗ ਨਾਲ ਨਾ ਸੜਨ ਕਾਰਨ ਪੈਦਾ ਹੁੰਦਾ ਹੈ, ਪੂਰੇ ਸ਼ਹਿਰ ਵਿੱਚ ਫੈਲਿਆ ਹੋਇਆ ਹੈ। ਇਹ ਸਟੀਲ ਮਿੱਲਾਂ ਦੇ ਨੇੜੇ ਵਾਲੇ ਇਲਾਕੇ ਵਿੱਚ ਹੀ ਨਹੀਂ ਮਿਲਿਆ ਸਗੋਂ ਪੂਰੇ ਸ਼ਹਿਰ ਵਿੱਚ ਪਾਇਆ ਗਿਆ। ਅਮੂਮਨ ਸਟੀਲ ਮਿੱਲਾਂ ਦੇ ਲਾਗੇ ਕੈਂਸਰ ਨਾਲ ਸਬੰਧਤ ਕੈਮੀਕਲ ਪਾਇਆ ਜਾਂਦਾ ਹੈ। ਨੈਸ਼ਨਲ ਲਾਇਬ੍ਰੇਰੀ ਆਫ ਮੈਡੀਸਿਨ ਅਨੁਸਾਰ ਕਾਰਸੀਨੋਜਨ ਦੇ ਸੰਪਰਕ ਵਿੱਚ ਆਉਣ ਨਾਲ ਫੇਫੜਿਆਂ ਤੇ ਬਲੈਡਰ ਦਾ ਕੈਂਸਰ ਹੋ ਸਕਦਾ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਹੈਮਿਲਟਨ ਵਿੱਚ ਆਰਸੈਲਔਰਮਿੱਤਲ ਡੋਫੈਸਕੋ ਤੇ ਸਟੈਲਕੋ ਦੇਸ਼ ਭਰ ਵਿੱਚ ਬੈਂਜ਼ੋ (ਏ) ਪਾਇਰੀਨ ਪੈਦਾ ਕਰਨ ਵਾਲੀਆਂ ਸਟੀਲ ਨਿਰਮਾਤਾ ਕੰਪਨੀਆਂ ਹਨ। ਐਡਮ ਨੇ ਆਖਿਆ ਕਿ ਅਸੀਂ ਜਾਣਦੇ ਹਾਂ ਕਿ ਸਟੀਲ ਇੰਡਸਟਰੀ ਇਸ ਤਰ੍ਹਾਂ ਦਾ ਪ੍ਰਦੂਸ਼ਣ ਫੈਲਾਉਂਦੀ ਹੈ ਤੇ ਇਸ ਉੱਤੇ ਬਹਿਸ ਨਹੀਂ ਕੀਤੀ ਜਾ ਰਹੀ। ਮੈਥਿਊਜ਼ ਨੇ ਆਖਿਆ ਕਿ ਇੰਡਸਟਰੀ ਵੱਲੋਂ ਫੈਲਾਏ ਜਾ ਰਹੇ ਇਸ ਤਰ੍ਹਾਂ ਦੇ ਪ੍ਰਦੂਸ਼ਣ ਉੱਤੇ ਅਗਾਂਹ ਵੀ ਅਧਿਐਨ ਹੋਣਾ ਚਾਹੀਦਾ ਹੈ।

## ਹੈਲਥ ਕੈਨੇਡਾ ਨੇ ਵਾਪਿਸ ਮੰਗਵਾਏ ਇਲੈਕਟ੍ਰਿਕ ਸ਼ਾਵਰ

ਓਟਵਾ, 13 ਜੁਲਾਈ (ਪੋਸਟ ਬਿਊਰੋ) : ਹੈਲਥ ਕੈਨੇਡਾ ਵੱਲੋਂ ਕਰੰਟ ਲੱਗਣ ਦੇ ਡਰ ਤੋਂ ਡਬਲਿਊਐਮਐਲਬੀਕੇ 110 ਵੋਲਟਸ 5400 ਵਾਟਸ ਆਟੋਮੈਟਿਕ ਇਲੈਕਟ੍ਰਿਕ ਇੰਸਟੈਂਟ ਹੌਟ ਵਾਟਰ ਸ਼ਾਵਰ ਹੈੱਡ ਹੀਟਰਜ਼ ਨੂੰ ਵਾਪਿਸ ਮੰਗਵਾਇਆ ਗਿਆ ਹੈ।

ਬੁੱਧਵਾਰ ਨੂੰ ਜਾਰੀ ਕੀਤੇ ਗਏ ਨੋਟਿਸ ਅਨੁਸਾਰ ਡਬਲਿਊਐਮਐਲਬੀਕੇ ਇਲੈਕਟ੍ਰਿਕ ਸ਼ਾਵਰ ਹੈੱਡ ਹੀਟਰਜ਼ ਨੂੰ ਹੀ ਵਾਪਿਸ ਮੰਗਵਾਇਆ ਜਾ ਰਿਹਾ ਹੈ ਤੇ ਉਹ ਵੀ ਖਾਸਤੌਰ ਉੱਤੇ ਇਸਦੇ ਟੀਪੀ01271-ਸੀਏ-ਐਕਸਕਿਊ ਮਾਡਲ ਨੂੰ ਵਾਪਿਸ ਮੰਗਵਾਇਆ



ਗਿਆ ਹੈ। ਇਨ੍ਹਾਂ ਹੀਟਰਜ਼ ਵਿੱਚ ਇਲੈਕਟ੍ਰਿਕਲ ਵਾਇਰਿੰਗ ਹੈ ਤੇ ਇਸ ਦਾ ਹੀਟਿੰਗ ਐਲੀਮੈਂਟ ਚੱਲਦੇ ਹੋਏ ਪਾਣੀ ਦੇ ਬਿਲਕੁਲ ਨੇੜੇ ਹੈ ਪਰ ਇਹ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਹੈ। ਇਸ ਕਾਰਨ ਕਿਸੇ ਵਿਅਕਤੀ ਨੂੰ ਬਿਜਲੀ ਦਾ ਝਟਕਾ ਲੱਗ ਸਕਦਾ ਹੈ।

ਹੈਲਥ ਏਜੰਸੀ ਦਾ ਕਹਿਣਾ ਹੈ ਕਿ ਵਾਪਿਸ ਮੰਗਵਾਈ ਗਈ ਪ੍ਰੋਡਕਟ, ਜੋ ਕਿ ਓਮਅਡੋਨ।ਚਅ ਉੱਤੇ ਵੇਚੀ ਜਾ ਰਹੀ ਸੀ, ਬਿਨਾਂ ਗਰਮ ਪਾਣੀ ਦੇ ਪਾਣੀ ਨੂੰ ਗਰਮ ਕਰਨ ਦੀ ਸਮਰੱਥਾ ਰੱਖਦੀ ਹੈ। ਹੈਲਥ ਕੈਨੇਡਾ ਅਨੁਸਾਰ ਜੁਲਾਈ 2022 ਤੇ ਅਕਤੂਬਰ 2022 ਦਰਮਿਆਨ ਕੈਨੇਡਾ ਵਿੱਚ ਕੁੱਲ 16 ਹੀਟਰਜ਼ ਵੇਚੇ ਗਏ। ਇਨ੍ਹਾਂ ਦਾ ਨਿਰਮਾਣ ਚੀਨ ਵਿੱਚ ਹੋਇਆ। ਅਜੇ ਤੱਕ ਕਿਸੇ ਕਿਸਮ ਦੀ ਨਕਾਰਾਤਮਕ ਰਿਪੋਰਟ ਨਹੀਂ ਮਿਲੀ ਹੈ ਪਰ ਹੈਲਥ ਕੈਨੇਡਾ ਵੱਲੋਂ ਕੈਨੇਡੀਅਨਜ਼ ਨੂੰ ਇਸ ਦੀ ਵਰਤੋਂ ਉੱਤੇ ਫੌਰੀ ਰੋਕ ਲਾਉਣ ਦੀ ਅਪੀਲ ਕੀਤੀ ਗਈ ਹੈ।

## ਪ੍ਰਧਾਨ ਮੰਤਰੀ ਮੋਦੀ ਦੋ ਦਿਨਾਂ ਫਰਾਂਸ ਫੇਰੀ 'ਤੇ, ਪੈਰਿਸ ਵਿਚ ਭਾਰਤੀ ਭਾਈਚਾਰੇ ਨੂੰ ਕੀਤਾ ਸੰਬੋਧਨ

ਪੈਰਿਸ, 13 ਜੁਲਾਈ (ਪੋਸਟ ਬਿਊਰੋ): ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਫਰਾਂਸ ਵਿੱਚ ਭਾਰਤੀ ਭਾਈਚਾਰੇ ਦੇ ਲੋਕਾਂ ਨਾਲ ਸਬੰਧ ਰੱਖਦਿਆਂ ਉਨ੍ਹਾਂ ਨਾਲ ਵਿਕਸਤ ਭਾਰਤ ਦਾ ਸੁਪਨਾ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਅਗਲੇ 25 ਸਾਲਾਂ ਵਿੱਚ



ਵਿਕਸਤ ਦੇਸ਼ਾਂ ਦੀ ਕਤਾਰ ਵਿੱਚ ਸ਼ਾਮਲ ਹੋ ਸਕਦਾ ਹੈ। ਆਪਣੇ ਸੰਬੋਧਨ ਵਿਚ ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਮਹਾਤਮਾ ਗਾਂਧੀ ਤੋਂ ਲੈ ਕੇ ਭਾਰਤੀ ਸੰਤ ਤਿਰੂਵੱਲੂਵਰ ਨੂੰ ਯਾਦ ਕੀਤਾ। ਪ੍ਰਧਾਨ ਮੰਤਰੀ ਨੇ ਚੰਦਰਯਾਨ-3, ਯੂਪੀਆਈ ਅਤੇ ਗਰੀਬੀ ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
• Life Insurance • Super Visa Insurance
• Critical illness Ins • Mortgage Insurance
• Travel & Visitor Ins • Disability Insurance
• RESP & TFSA & RRSP • Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
CANADA DAY SPECIAL
REGULAR DEAL $2,899
CANADA DAY SPECIAL
BLACK STAINLESS-STEEL PACKAGE $3,849
CANADA DAY SPECIAL
WASHER DRYER $1,699
LOCATIONS
ETOBICOKE: 44 Fasken Dr, #2-9, Etobicoke, On M9W 5M8 (416) 792-0877
BRAMPTON: Unit #1, 241 Clarence St, Brampton, On L6W 3E7 (416) 551-3343
VAUGHAN: 5781 Highway 7 Unit 10, Vaughan, ON L4L 1T8 (416) 477-5556
OAKVILLE: 1050 Speers Road, Oakville, ON L6L 2X4 (416) 613-0555
LONDON: Unit #4 -1540 Fanshawe Park Road West, London, On N6H 5L8 (519) 641-1010
STONEY CREEK: Unit #6 – 410 Lewis Road, Stoney Creek, On L8E 5Y7 (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
*Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਸੁਡਾਨ ਦੇ ਫੌਜੀ ਸੰਘਰਸ਼ 'ਚ ਮਾਰੇ ਗਏ 87 ਲੋਕਾਂ ਦੀਆਂ ਲਾਸ਼ਾਂ ਬਰਾਮਦ, ਔਰਤਾਂ ਤੇ ਬੱਚੇ ਵੀ ਹਨ ਸ਼ਾਮਲ



ਖੌਰਟਮ, 13 ਜੁਲਾਈ (ਪੋਸਟ ਬਿਊਰੋ): ਸੁਡਾਨ 'ਚ ਫੌਜ ਅਤੇ ਅਰਧਸੈਨਿਕ ਬਲਾਂ ਵਿਚਾਲੇ ਹੋਏ ਖ਼ੂਨੀ ਸੰਘਰਸ਼ ਤੋਂ ਬਾਅਦ ਕਬਰਿਸਤਾਨ 'ਚੋਂ 87 ਲੋਕਾਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਸਾਰਿਆਂ ਦੀ ਮੌਤ ਖ਼ੂਨੀ ਸੰਘਰਸ਼ ਕਾਰਨ ਹੋਈ ਹੈ। ਸੰਯੁਕਤ ਰਾਸ਼ਟਰ ਦੇ ਦਫਤਰ ਨੇ ਕਿਹਾ ਕਿ ਮਰਨ ਵਾਲਿਆਂ ਵਿਚ ਔਰਤਾਂ ਅਤੇ ਬੱਚਿਆਂ ਦੀਆਂ ਲਾਸ਼ਾਂ ਸ਼ਾਮਲ ਹਨ। ਇਹ ਸਾਰੇ ਕਥਿਤ ਤੌਰ 'ਤੇ ਝੜਪ ਦੌਰਾਨ ਮਾਰੇ ਗਏ ਸਨ। ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰਾਂ ਦੇ ਅਨੁਸਾਰ, ਦਾਰਫੁਰ ਸ਼ਹਿਰ ਵਿੱਚ ਇੱਕ ਕਬਰ ਵਿੱਚ ਅਫਰੀਕੀ ਕਬੀਲਿਆਂ ਦੇ ਕੁਝ ਲੋਕਾਂ ਸਮੇਤ ਕੁੱਲ 87 ਲੋਕਾਂ ਨੂੰ 1 ਮੀਟਰ ਹੇਠਾਂ ਦੱਬਿਆ ਗਿਆ ਸੀ।

ਸੰਯੁਕਤ ਰਾਸ਼ਟਰ ਦੀ ਏਜੰਸੀ ਨੇ ਜੇਨੇਵਾ ਵਿੱਚ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ 20 ਜੂਨ ਨੂੰ 37 ਲਾਸ਼ਾਂ ਨੂੰ ਦਫ਼ਨਾਇਆ ਗਿਆ ਸੀ। ਹਾਲਾਂਕਿ ਅਗਲੇ ਹੀ ਦਿਨ 50 ਹੋਰ ਲਾਸ਼ਾਂ ਨੂੰ ਉਸੇ ਥਾਂ 'ਤੇ ਦਫਨਾਇਆ ਗਿਆ। ਦਫ਼ਨ ਹੋਣ ਵਾਲਿਆਂ ਵਿੱਚ 7 ਔਰਤਾਂ ਅਤੇ 7 ਬੱਚੇ ਸ਼ਾਮਲ ਹਨ।

15 ਅਪ੍ਰੈਲ ਤੋਂ ਸੂਡਾਨ 'ਚ ਲਗਾਤਾਰ ਹਿੰਸਾ ਦੇਖਣ ਨੂੰ ਮਿਲ ਰਹੀ ਹੈ। ਫੌਜ ਅਤੇ ਅਰਧਸੈਨਿਕ ਬਲਾਂ ਵਿਚਾਲੇ ਤਣਾਅ ਖੁੱਲ੍ਹੀ ਲੜਾਈ ਵਿੱਚ ਬਦਲ ਗਿਆ ਹੈ। ਸੂਡਾਨ ਦਾ ਦਾਰਫੁਰ ਸ਼ਹਿਰ ਕਰੀਬ 12 ਹਫਤਿਆਂ ਤੋਂ ਸੰਘਰਸ਼ ਦਾ ਕੇਂਦਰ ਬਣਿਆ ਹੋਇਆ ਹੈ। ਮਨੁੱਖੀ ਅਧਿਕਾਰ ਦਫਤਰ ਦੇ ਅਨੁਸਾਰ, ਫੌਜ ਅਤੇ ਅਰਧ ਸੈਨਿਕ ਬਲਾਂ ਦੇ ਲੜਾਕਿਆਂ ਨੇ ਪੱਛਮੀ ਖੇਤਰ ਵਿੱਚ ਵੱਡੇ ਪੱਧਰ 'ਤੇ ਹਿੰਸਾ ਕੀਤੀ ਹੈ, ਜਿਸ ਨਾਲ ਬਹੁਤ ਸਾਰੇ ਲੋਕਾਂ ਨੂੰ ਆਪਣੇ ਘਰ ਛੱਡਣ ਲਈ ਮਜ਼ਬੂਰ ਹੋਣਾ ਪਿਆ ਹੈ। ਰੁਕ-ਰੁਕ ਕੇ ਜੰਗਬੰਦੀ ਵੀ ਲਾਗੂ ਕੀਤੀ ਗਈ। ਇਸ ਦੌਰਾਨ ਅਮਰੀਕਾ, ਸਾਊਦੀ ਅਰਬ ਵਰਗੇ ਦੇਸ਼ਾਂ ਨੇ ਕਾਫੀ ਕੋਸ਼ਿਸ਼ਾਂ ਤੋਂ ਬਾਅਦ ਭਾਰਤ ਸਮੇਤ ਵੱਖ-ਵੱਖ ਦੇਸ਼ਾਂ ਦੇ ਨਾਗਰਿਕਾਂ ਨੂੰ ਬਚਾਇਆ।

# ਭਾਰਤੀ ਮੂਲ ਦੇ ਲੜਕੇ ਦੀ ਹੱਤਿਆ ਦੇ ਮਾਮਲੇ 'ਚ ਦੋ ਨਬਾਲਿਗਾਂ ਨੂੰ 34 ਸਾਲ ਦੀ ਕੈਦ

ਲੰਡਨ, 13 ਜੁਲਾਈ (ਪੋਸਟ ਬਿਊਰੋ): ਪਿਛਲੇ ਸਾਲ ਭਾਰਤੀ ਮੂਲ ਦੇ ਇੱਕ ਨੌਜਵਾਨ ਦੀ ਚਾਕੂ ਮਾਰ ਕੇ ਹੱਤਿਆ ਕਰਨ ਦੇ ਮਾਮਲੇ ਵਿੱਚ ਦੋ ਵਿਅਕਤੀਆਂ ਨੂੰ 34 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਦੋਵੇਂ ਦੋਸ਼ੀ ਨਾਬਾਲਿਗ ਹਨ ਅਤੇ ਭਾਰਤੀ ਮੂਲ ਦੇ ਹਨ। ਇਹ ਘਟਨਾ ਇੰਗਲੈਂਡ ਦੇ ਵੈਸਟ ਮਿਡਲੈਂਡਸ ਦੇ ਵੂਲਵਰਹੈਂਪਟਨ ਵਿੱਚ ਵਾਪਰੀ।



ਰੋਨਨ ਕਾਂਡਾ (16 ਸਾਲ) ਉੱਤੇ ਜੁਲਾਈ 2022 ਵਿੱਚ ਹਮਲਾ ਹੋਇਆ ਸੀ। ਵੈਸਟ ਮਿਡਲੈਂਡਜ਼ ਪੁਲਿਸ ਨੇ ਉਸ ਦੀ ਮੌਕੇ 'ਤੇ ਮੌਤ ਤੋਂ ਬਾਅਦ ਕਤਲ ਦੀ ਜਾਂਚ ਸ਼ੁਰੂ ਕੀਤੀ। ਪੋਸਟਮਾਰਟਮ ਤੋਂ ਪਤਾ ਲੱਗਾ ਹੈ ਕਿ ਉਸ ਦੀ ਮੌਤ ਦੋ ਵਾਰ ਚਾਕੂ ਮਾਰਨ ਤੋਂ ਬਾਅਦ ਹੋਈ, ਜਿਸ ਵਿਚ ਗਲਤ ਪਛਾਣ ਦਾ ਮਾਮਲਾ ਨਿਕਲਿਆ।

ਕਤਲ ਦੇ ਮੁਲਜ਼ਮਾਂ ਦੀ ਪਛਾਣ ਪ੍ਰਬਜੀਤ ਵੇਧਾਸਾ (18 ਸਾਲ) ਅਤੇ ਸੁਖਮਨ ਸ਼ੇਰਗਿੱਲ (18 ਸਾਲ) ਵਜੋਂ ਹੋਈ ਹੈ। ਵੂਲਵਰਹੈਂਪਟਨ ਕਰਾਊਨ ਕੋਰਟ ਨੇ ਉਨ੍ਹਾਂ ਨੂੰ 34 ਸਾਲ ਦੀ ਸਜ਼ਾ ਸੁਣਾਈ। ਵੇਧਾਸਾ ਨੂੰ ਘੱਟੋ-ਘੱਟ 18 ਸਾਲ ਅਤੇ ਸ਼ੇਰਗਿੱਲ ਨੂੰ ਘੱਟੋ-ਘੱਟ 16 ਸਾਲ ਦੀ ਸਜ਼ਾ ਕੱਟਣੀ ਪਵੇਗੀ।

ਜਾਂਚ ਦੀ ਅਗਵਾਈ ਕਰਨ ਵਾਲੇ ਵੈਸਟ ਮਿਡਲੈਂਡਜ਼ ਪੁਲਿਸ ਹੋਮੀਸਾਈਡ ਯੂਨਿਟ ਦੇ ਡਿਟੈਕਟਿਵ ਇੰਸਪੈਕਟਰ ਐਡੇ ਜਾਰਜ ਨੇ ਕਿਹਾ, 'ਨਬਾਲਿਗ ਨੂੰ ਖੋਣਾ ਬਹੁਤ ਦੁਖਦਾਈ ਹੈ, ਪਰ ਇਹ ਜਾਣਨਾ ਵੀ ਕਿ ਉਹ ਇਰਾਦਾ ਕਤਲ ਦਾ ਨਿਸ਼ਾਨਾ ਨਹੀਂ ਸੀ, ਉਦਾਸੀ ਦੀ ਇੱਕ ਨਵੀਂ ਪਰਤ ਜੋੜਦਾ ਹੈ। ਮੈਂ ਕਲਪਨਾ ਨਹੀਂ ਕਰ ਸਕਦਾ ਕਿ ਰੋਨਨ ਦਾ ਪਰਿਵਾਰ ਕਿੰਨਾ ਉਦਾਸ ਮਹਿਸੂਸ ਕਰ ਰਿਹਾ ਹੋਵੇਗਾ।

"ਮੁਕੱਦਮੇ ਦਾ ਸਾਹਮਣਾ ਕਰ ਰਹੇ ਬਚਾਅ ਪੱਖ ਵੀ ਇੰਨੇ ਛੋਟੇ ਹਨ। ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਦੁਖਾਂਤ ਕਾਰਨ ਦੁੱਖ ਹੋਵੇਗਾ, ਕਿਉਂਕਿ ਉਹ ਲੰਬੀ ਜੇਲ੍ਹ ਦੀ ਸਜ਼ਾ ਕੱਟਣਗੇ। ਉਨ੍ਹਾਂ ਕਿਹਾ ਕਿ ਅਸੀਂ ਉਨ੍ਹਾਂ ਵਿਰੁੱਧ ਕਾਰਵਾਈ ਕਰਨਾ ਜਾਰੀ ਰੱਖਾਂਗੇ ਜੋ ਸੋਚਦੇ ਹਨ ਕਿ ਚਾਕੂ ਰੱਖਣਾ ਸਵੀਕਾਰਯੋਗ ਹੈ।

## ਅੱਜ ਨਾਮਾ

ਪਾਣੀ ਹੜ੍ਹਾਂ ਦਾ ਆਇਆ ਨਾ ਅਜੇ ਕਾਬੂ,
ਪਿਆ ਹੈ ਲੱਗਾ ਸਰਕਾਰ ਦਾ ਜ਼ੋਰ ਬੇਲੀ।
ਇੱਕ ਥਾਂ ਕੀਤਾ ਕੋਈ ਜਦੋਂ ਪ੍ਰਬੰਧ ਜਾਂਦਾ,
ਇਲਾਕਾ ਫਸ ਜਾਂਦਾ ਏ ਕੋਈ ਹੋਰ ਬੇਲੀ।
ਤਸੱਲੀ ਹੁੰਦੀ ਆ ਘੱਟ ਸਰਕਾਰ ਉੱਪਰ,
ਹਮੇਸ਼ਾ ਪਵੇ ਨਾਲਾਇਕੀ ਦਾ ਸ਼ੋਰ ਬੇਲੀ।
ਰੰਗ ਤਾਂ ਉਂਜ ਇਹ ਮਿੱਤਰੋ ਕੁਦਰਤੀ ਹੈ,
ਜੀਹਦੀ ਸੋਚਣੀ ਮੁਸ਼ਕਲ ਆ ਤੋਰ ਬੇਲੀ।
ਫਿਰ ਵੀ ਸਾਹਮਣੇ ਖੜੀ ਸਰਕਾਰ ਦੀਂਹਦੀ,
ਲੋਕਾਂ ਆਪ ਸੌਂਪੀ ਆਜੀਹ ਨੂੰ ਵਾਗ ਬੇਲੀ।
ਜੋ ਕੁਝ ਲੋੜ ਆ ਉਹਦੇ ਤੋਂ ਮੰਗਣਗੇ ਹੀ,
ਗਾਇਆ ਜਾਂਦਾ ਨਾ ਕੁਦਰਤੀ ਰਾਗ ਬੇਲੀ।

**ਤੀਸ ਮਾਰ ਖਾਂ**

# ਖ਼ਤਰੇ ਦੇ ਨਿਸ਼ਾਨ ਤੋਂ 3 ਮੀਟਰ ਉਪਰ ਵਹਿ ਰਹੀ ਯਮੁਨਾ, ਸੜਕਾਂ 'ਤੇ ਫੈਲਿਆ ਪਾਣੀ

ਨਵੀਂ ਦਿੱਲੀ, 13 ਜੁਲਾਈ (ਪੋਸਟ ਬਿਊਰੋ): ਹਰਿਆਣਾ ਦੇ ਹਥਨੀ ਕੁੰਡ ਬੈਰਾਜ ਤੋਂ ਪਾਣੀ ਛੱਡੇ ਜਾਣ ਤੋਂ ਬਾਅਦ ਦਿੱਲੀ 'ਚ ਯਮੁਨਾ ਨਦੀ ਉਫਾਨ ਉਤੇ ਹੈ। ਯਮੁਨਾ ਖਤਰੇ ਦੇ ਨਿਸ਼ਾਨ ਤੋਂ 3 ਮੀਟਰ ਉਪਰ ਵਹਿ ਰਹੀ ਹੈ। ਅਜਿਹੇ 'ਚ ਰਾਜਧਾਨੀ 'ਚ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ। ਦਿੱਲੀ ਦੀਆਂ ਕਈ ਸੜਕਾਂ 'ਤੇ ਯਮੁਨਾ ਦਾ ਪਾਣੀ ਆ ਗਿਆ ਹੈ। ਇਸ ਨਾਲ ਆਵਾਜਾਈ ਪ੍ਰਭਾਵਿਤ ਹੋਈ ਹੈ। ਮੈਟਰੋ ਸੇਵਾ ਵੀ ਪ੍ਰਭਾਵਿਤ ਹੋਈ ਹੈ। ਇਸ ਦੇ ਨਾਲ ਹੀ ਦਿੱਲੀ ਸਰਕਾਰ ਨੇ ਇੱਕ ਐਡਵਾਈਜ਼ਰੀ ਵਿੱਚ ਕਿਹਾ ਕਿ ਬਾਹਰੀ ਰਾਜਾਂ ਦੇ ਲੋਕ ਦਿੱਲੀ ਵਿੱਚ ਦਾਖਲ ਨਾ ਹੋਣ।

ਵੀਰਵਾਰ ਦੁਪਹਿਰ 2 ਵਜੇ ਤੱਕ ਯਮੁਨਾ ਦਾ ਜਲ ਪੱਧਰ 208.62 ਮੀਟਰ ਤੱਕ ਪਹੁੰਚ ਗਿਆ। ਇਹ ਖਤਰੇ ਦਾ ਨਿਸ਼ਾਨ 205 ਮੀਟਰ ਤੋਂ 3 ਮੀਟਰ ਜ਼ਿਆਦਾ ਹੈ। ਯਮੁਨਾ ਵਜ਼ੀਰਾਬਾਦ ਤੋਂ ਉਖਲਾ ਤੱਕ 22 ਕਿਲੋਮੀਟਰ ਵਿਚ ਹੈ। ਕੇਂਦਰੀ ਜਲ ਕਮਿਸ਼ਨ ਨੂੰ ਖਦਸ਼ਾ ਹੈ ਕਿ ਵੀਰਵਾਰ ਦੁਪਹਿਰ ਤੱਕ ਪਾਣੀ ਦਾ ਪੱਧਰ 209 ਮੀਟਰ ਤੱਕ ਪਹੁੰਚਣ 'ਤੇ ਜ਼ਿਆਦਾਤਰ ਇਲਾਕੇ ਡੁੱਬ ਜਾਣਗੇ। ਐਨਡੀਆਰਐਫ ਦੀਆਂ 12 ਟੀਮਾਂ ਇੱਥੇ ਤਾਇਨਾਤ ਕੀਤੀਆਂ ਗਈਆਂ ਹਨ।

# ਪ੍ਰਧਾਨ ਮੰਤਰੀ ਮੋਦੀ ਦੋ ਦਿਨਾਂ ਫਰਾਂਸ ਫੇਰੀ 'ਤੇ

ਪੰਨਾ 1 ਦਾ ਬਾਕੀ

ਘਟਾਉਣ ਦੇ ਖੇਤਰ ਵਿੱਚ ਭਾਰਤ ਦੀਆਂ ਪ੍ਰਾਪਤੀਆਂ ਦਾ ਵੀ ਜ਼ਿਕਰ ਕੀਤਾ। ਇਸ ਸਮਾਗਮ ਵਿੱਚ ਬੋਲਦਿਆਂ ਪੀਐਮ ਨੇ ਕਿਹਾ, "ਅੱਜ ਦਾ ਦ੍ਰਿਸ਼ ਬੇਮਿਸਾਲ ਹੈ। ਕਿਤੇ ਨਾ ਕਿਤੇ ਆਵਾਜ਼ ਆ ਰਹੀ ਹੈ ਕਿ ਨਮਸਕਾਰ ਕਰੋ, ਲੱਗਦਾ ਹੈ ਕਿ ਮੈਂ ਘਰ ਆ ਗਿਆ ਹਾਂ। ਅਸੀਂ ਜਿੱਥੇ ਵੀ ਜਾਂਦੇ ਹਾਂ, ਭਾਰਤੀ ਮਿੰਨੀ ਇੰਡੀਆ ਬਣਾਉਂਦੇ ਹਨ। ਜਿਕਰਯੋਗ ਹੈ ਕਿ ਪ੍ਰਧਾਨ ਮੰਤਰੀ ਮੋਦੀ ਆਪਣੇ ਦੋ ਦਿਨਾਂ ਦੌਰੇ 'ਤੇ ਫਰਾਂਸ ਪਹੁੰਚੇ ਹਨ।

ਉਨ੍ਹਾਂ ਕਿਹਾ ਕਿ ਭਾਰਤ ਅਤੇ ਫਰਾਂਸ ਦਰਮਿਆਨ ਸਾਂਝੇਦਾਰੀ ਦਾ ਮਹੱਤਵ ਵਧਿਆ ਹੈ। ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਇਸ ਦੀ ਮਹੱਤਤਾ ਹੋਰ ਵੀ ਵੱਧ ਜਾਂਦੀ ਹੈ। ਇਹ ਤੁਹਾਡੇ ਵਰਗੇ ਲੋਕਾਂ ਕਰਕੇ ਹੀ ਹੋ ਰਿਹਾ ਹੈ। ਤੁਸੀਂ ਸਾਡੇ ਮਜ਼ਬੂਤ ਰਿਸ਼ਤੇ ਦਾ ਆਧਾਰ ਹੋ। ਪੀਐਮ ਮੋਦੀ ਨੇ ਕਿਹਾ ਕਿ ਅੱਜ ਦੁਨੀਆ ਇੱਕ ਨਵੀਂ ਵਿਸ਼ਵ ਵਿਵਸਥਾ ਵੱਲ ਵਧ ਰਹੀ ਹੈ। ਭਾਰਤ ਦੀ ਸਮਰੱਥਾ ਅਤੇ ਭੂਮਿਕਾ ਤੇਜ਼ੀ ਨਾਲ ਬਦਲ ਰਹੀ ਹੈ। ਭਾਰਤ ਇਸ ਸਮੇਂ ਜੀ-20 ਸਮੂਹ ਦਾ ਪ੍ਰਧਾਨ ਹੈ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਦੇਸ਼ ਦੀ ਪ੍ਰਧਾਨਗੀ ਦੀ ਦੇਸ਼ ਭਰ ਵਿੱਚ 200 ਤੋਂ ਵੱਧ ਮੀਟਿੰਗਾਂ ਹੋ ਰਹੀਆਂ ਹਨ।





















# ਲੀਵ ਵਿਊ ਅਸਟੇਟ ਵਿਚ ਕੈਨੇਡਾ ਡੇਅ ਮਨਾਇਆ





ਬੀਤੀ 1 ਜੁਲਾਈ ਨੂੰ ਡੇਰੀ ਮੇਡ ਪਾਰਕ ਵਿਚ ਕਲੀਵ ਵਿਊ ਅਸਟੇਟ ਦੀਆਂ ਔਰਤਾਂ ਵਲੋਂ ਪੌਟਲਕ ਅਤੇ ਕੈਨੇਡਾ ਡੇਅ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿਚ 20-25 ਔਰਤਾਂ ਨੇ ਭਾਗ ਲਿਆ। ਇਹ ਪ੍ਰੋਗਰਾਮ ਸਵੇਰੇ 11 ਵਜੇ ਸ਼ੁਰੂ ਹੋ ਕੇ ਸ਼ਾਮ 4 ਵਜੇ ਤੱਕ ਚੱਲਦਾ ਰਿਹਾ। ਪੌਟਲਕ ਪ੍ਰੋਗਰਾਮ ਵਿਚ ਕਮਿਊਨਿਟੀ ਦੇ ਮਰਦਾਂ ਨੂੰ ਵੀ ਬੁਲਾਇਆ ਗਿਆ ਸੀ। ਜਿਸ ਵਿਚ 10-11 ਮਰਦਾਂ ਨੇ ਭਾਗ ਲਿਆ। ਸਭ ਤੋਂ ਪਹਿਲਾਂ ਕੈਨੇਡਾ ਦਾ ਰਾਸ਼ਟਰੀ ਗੀਤ ਗਾਇਆ ਗਿਆ ਅਤੇ ਉਸ ਤੋਂ ਬਾਅਦ ਸਨੈਕਸ ਅਤੇ ਚਾਹ ਵਰਤਾਈ ਗਈ। ਇਸ ਉਪਰੰਤ ਤਰਲੋਚਨ ਸਿੰਘ ਬਡਵਾਲ ਨੇ ਕੈਨੇਡਾ ਦੇ 156ਵੇਂ ਦਿਵਸ ਬਾਰੇ ਆਪਣੇ ਵਿਚਾਰ ਰੱਖੇ। ਇਸ ਤੋਂ ਬਾਅਦ ਔਰਤਾਂ ਅਤੇ ਮਰਦਾਂ ਵਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿਚ ਉਨ੍ਹਾਂ ਚੁਟਕਲੇ, ਗਾਣੇ ਅਤੇ ਸ਼ੇਅਰ ਸੁਣਾਏ। ਇਸ ਦੌਰਾਨ ਸ੍ਰੀ ਜੈ ਨੇ ਕੈਨੇਡਾ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਮਨੋਰੰਜਨ ਕਰਨ ਤੋਂ ਬਾਅਦ ਔਰਤਾਂ ਵਲੋਂ ਘਰੋਂ ਲਿਆਂਦਾ ਗਿਆ ਖਾਣਾ ਵਰਤਾਇਆ ਗਿਆ। ਅੰਤ ਵਿਚ ਚਾਹ ਵਰਤਾਈ ਗਈ ਅਤੇ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

# ਬਲੈਕ ਓਕ ਸੀਨੀਅਰ ਕਲੱਬ ਵਲੋਂ ਮਨਾਇਆ ਕਨੇਡਾ-ਡੇ, ਐਮਪੀ ਰੂਬੀ ਸਹੋਤਾ ਨੇ ਵੀ ਕੀਤੀ ਸ਼ਿਰਕਤ







ਬਰੈਂਪਟਨ, 13 ਜੁਲਾਈ (ਪੋਸਟ ਬਿਊਰੋ): ਬਲੈਕ ਓਕ ਸੀਨੀਅਰ ਕਲੱਬ, ਬਰੈਪਟਨ ਵਲੋਂ ਬਲਿਊ ਓਕ ਪਾਰਕ ਵਿਖੇ 8 ਜੁਲਾਈ ਨੂੰ ਸ਼ਾਮ ਦੇ 5 ਵਜੇ ਕਲੱਬ ਦੇ ਪ੍ਰਧਾਨ ਸ੍ਰੀ ਆਤਮਾਂ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਬੜੇ ਹਰਸ਼ੋ ਉਲਾਸ ਨਾਲ ਕਨੇਡਾ ਡੇ ਮਨਾਇਆ ਗਿਆ। ਇਸ ਸਮਾਰੋਹ ਵਿਚ ਕਲੱਬ ਦੇ ਅਹੁਦੇਦਾਰਾਂ, ਮੈਂਬਰਾਂ ਤੋਂ ਇਲਾਵਾ ਵਿਸ਼ੇਸ਼ ਸੱਦੇ ਤੇ ਪਹੁੰਚੇ ਵੱਡੀ ਗਿਣਤੀ ਮਹਿਮਾਨਾਂ ਨੇ ਸ਼ਿਰਕਤ ਕੀਤੀ ਅਤੇ ਪ੍ਰੋਗਰਾਮ ਦਾ ਅਨੰਦ ਮਾਣਿਆਂ।ਪ੍ਰੋਗਰਾਮ ਦੀ ਸ਼ੁਰੂਆਤ ਕਨੇਡਾ ਦੇ ਨੈਸ਼ਨਲ ਗੀਤ " ਓ ਕਨੇਡਾ " ਨਾਲ ਕੀਤੀ ਗਈ। ਸਾਰੇ ਹਾਜ਼ਰੀਨ ਵਲੋਂ ਸੰਗੀਤ ਮਈ ਧੁੰਨ ਤੇ ਗਾਏ ਰਾਸ਼ਟਰੀ ਗੀਤ ਓ-ਕਨੇਡਾ ਦਾ ਸਤਿਕਾਰ ਵਜੋਂ ਖੜੇ ਹੋ ਕੇ ਅਨੰਦ ਮਾਣਿਆਂ।

ਸਟੇਜ਼ ਸੰਚਾਲਣ ਦੀ ਜਿਮੇਵਾਰੀ ਜਸਵੰਤ ਸਿੰਘ ਧਾਲੀਵਾਲ ਨੂੰ ਸੌਂਪੀ ਗਈ ਉਨ੍ਹਾਂ ਵਲੋਂ ਮੰਚ ਤੇ ਉਪਸਥਿਤ ਹਾਜ਼ਰੀਨ ਅਤੇ ਸਮਾਗਮ ਵਿਚ ਸ਼ਾਮਲ ਹੋਏ ਸਾਰੇ ਸਜ਼ਨਾਂ ਨੂੰ ਜੀ ਆਇਆਂ ਆਖਿਆ ਅਤੇ ਕਨੇਡਾ ਡੇ ਦੀ ਵਧਾਈ ਦਿੱਤੀ ਗਈ। ਪ੍ਰੋਫੈਸਰ ਹਰਨੇਕ ਸਿੰਘ ਗਿੱਲ ਵਲੋਂ ਕਨੇਡਾ-ਡੇ ਦੇ ਇਤਿਹਾਸਕ ਪੱਖ ਬਾਰੇ ਜਾਣੂ ਕਰਵਾਉਦਿਆਂ ਦਸਿਆ ਕਿ 1867 ਈ: ਨੂੰ ਓਨਟੇਰੀਓ ਅਤੇ ਕਿਊਬਿਕ ਵਿਚ ਵੰਡੀਆਂ ਵੱਖ ਵੱਖ ਕਲੋਨੀਆਂ ਨੂੰ ਇਕੱਠਾ ਕਰਕੇ ਚਾਰ ਸੂਬੇ ਓਨਟੈਰੀਓ, ਕਿਊਬਿਕ, ਨੋਵਾਸ਼ਕੋਸ਼ੀਆ ਅਤੇ ਬਰੰਸਵਿਕ ਬਣਾਏ ਗਏ ਸਨ।ਓਦੋਂ ਕਨੇਡਾ ਬਰਿਟਿਸ਼ ਸਾਮਰਾਜ ਦਾ ਇਕ ਵੱਡਾ ਰਾਜ਼ ਬਣ ਗਿਆ ਅਤੇ ਹਰ ਸਾਲ 1 ਜੁਲਾਈ ਨੂੰ ਕਨੇਡਾ ਡੇ ਮਨਾਇਆ ਜਾਂਦਾ ਹੈ। ਸ੍ਰੀ ਬੂਟਾ ਸਿੰਘ ਅਤੇ ਭਰਪੂਰ ਸਿੰਘ ਚਹਿਲ ਵਲੋਂ ਕਵਿਤਾਵਾਂ ਸੁਣਾ ਕੇ ਰੰਗ ਬੰਨਿਆਂ।ਪਿਰਥੀ ਸਿੰਘ ਮਾਨ, ਸੀ. ਮੀਤ ਪ੍ਰਧਾਨ, ਨਿਰਮਲ ਸਿੰਘ ਤੂਰ, ਪਰਮਜੀਤ ਸਿੰਘ ਬਰਾੜ, ਗਜ਼ਨ ਸਿੰਘ ਵਲੋਂ ਪ੍ਰੋਗਰਾਮ ਦੀ ਸਫਲਤਾ ਲਈ ਵਿਸ਼ੇਸ਼ ਯੋਗਦਾਨ ਪਾਇਆ । ਕਲੱਬ ਦੇ ਫਾਉਂਡਰ ਮੈਂਬਰ ਸ੍ਰੀ ਸਰੂਪ ਸਿੰਘ ਗਿੱਲ ਅਤੇ ਜੋਤਇੰਦਰ ਸਿੰਘ ਸੋਢੀ ਵਲੋਂ ਵੀ ਵਿਚਾਰ ਪੇਸ਼ ਕੀਤੇ ਗਏ। ਇਸ ਸਮਾਰੋਹ ਵਿਚ ਐਮਪੀਪੀ ਗਰੈਮ ਮੈਕਗਰੇਗਰ ਦੇ ਪੀਏ ਜਸਕਰਨ ਕੈਲੇ ਅਤੇ ਓਨਟੈਰੀਓ ਦੇ ਡਿਪਟੀ ਮੇਅਰ ਸ੍ਰੀ ਹਰਕੀਰਤ ਸਿੰਘ ਦੇ ਪੀ.ਏ. ਕਰਮਜੋਤ ਸਿੰਘ ਵਲੋਂ ਕਲੱਬ ਦੇ ਨਾਮ ਵਧਾਈ ਸੰਦੇਸ਼/ਸਨਮਾਨ ਚਿੰਨ ਭੇਂਟ ਕੀਤੇ ਗਏ।

ਸ੍ਰੀ ਸੁਰਿੰਦਰ ਸਿੰਘ ਜੱਸਲ ਵਲੋਂ ਬਲਿਊ ਓਕ ਪਾਰਕ ਦੀ ਸਾਫ ਸਫਾਈ ਲਈ ਪਾਏ ਜਾਂਦੇ ਯੋਗਦਾਨ ਲਈ ਉਹਨਾਂ ਦਾ ਵਿਸ਼ੇਸ਼ ਜਿਕਰ ਕੀਤਾ ਅਤੇ ਸਾਰਿਆਂ ਨੂੰ ਪਾਰਕ ਵਿਚ ਸਾਫ ਸਫਾਈ ਦਾ ਵਿਸ਼ੇਸ਼ ਧਿਆਨ ਰੱਖਦੇ ਹੋਏ ਅਤੇ ਗਾਰਬੇਜ਼ ਬਿੰਨਾਂ ਵਿਚ ਸੁਟਨ ਦੀ ਅਪੀਲ ਕੀਤੀ।। ਕਲੱਬ ਦੇ ਸਕੱਤਰ-ਕਮ-ਕੈਸ਼ੀਅਰ ਸ੍ਰੀ ਸਿਕੰਦਰ ਸਿੰਘ ਝੱਜ ਭਰਤ ਗਏ ਹੋਣ ਕਾਰਣਸਮਾਰੋਹ ਵਿਚ ਸ਼ਾਮਲ ਨਹੀਂ ਹੋ ਸਕੇ।

ਇਸ ਮੌਕੇ ਕਲੱਬ ਦੇ ਵਿਸ਼ੇਸ਼ ਸੱਦੇ ਤੇ ਸ਼ਾਮਲ ਮੈਂਬਰ ਪਾਰਲੀਮੈਂਟ ਰੂਬੀ ਸਹੋਤਾ ਨੂੰ ਸਟੇਜ਼ ਤੋਂ ਵੱਧ ਰਹੀ ਮਹਿੰਗਾਈ ਤੇ ਕਾਬੂ ਪਾਉਣ, ਵੱਧ ਰਹੇ ਟਰੈਫਿਕ ਅਤੇ ਹੋਰ ਸਮਿਸਿਆਵਾਂ ਦੇ ਹੱਲ ਕਰਨ ਦੀ ਮੰਗ ਰੱਖੀ। ਐਮਪੀ ਸਹੋਤਾ ਵਲੋ ਵੱਖ ਵੱਖ ਲੋਂਕਾ ਵਲੋਂ ਉਠਾਏ ਮਸਲਿਆਂ ਨੂੰ ਧਿਆਨ ਨਾਲ ਸੁਣਿਆਂ ਅਤੇ ਆਪਣੀ ਸਰਕਾਰ ਦੀਆਂ ਨੀਤੀਆਂ ਬਾਰੇ ਦਸਦੇ ਹੋਏ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਅੰਤ ਵਿਚ ਕਲੱਬ ਦੇ ਪ੍ਰਧਾਨ ਸ੍ਰੀ ਆਤਮਾਂ ਸਿੰਘ ਬਰਾੜ ਨੇ ਸਭ ਨੂੰ ਕਨੇਡਾ ਡੇ ਦੀਆਂ ਵਧਾਈਆਂ ਦਿੱਤੀਆਂ ਅਤੇ ਸਮਾਗਮ ਵਿੱਚ ਸ਼ਾਮਲ ਹੋਣ ਤੇ ਸਾਰੇ ਦਰਸ਼ਕਾਂ ਦਾ ਧੰਨਵਾਦ ਕੀਤਾ। ਉਨਾਂ ਦਸਿਆ ਕਿ ਭਾਵੇਂ ਵੱਡੀ ਗਿਣਤੀ ਪੰਜਾਬੀ ਵੱਖ ਵੱਖ ਦੇਸ਼ਾਂ ਵਿਚ ਪ੍ਰਵਾਸ ਕਰ ਗਏ ਹਨ ਫਿਰ ਵੀ ਉਹ ਆਪਣੇ ਦੇਸ਼ ਅਤੇ ਰਾਜ਼ਾਂ ਦੀ ਮਿਟੀ ਦੇ ਮੋਹ ਨਾਲ ਜੁੜੇ ਹੋਏ ਹਨ। ਪ੍ਰਬੰਧਕਾਂ ਵਲੋਂ ਹਾਜ਼ਰੀਨ ਵਾਸਤੇ ਚਾਹ, ਪਕੌੜੇ, ਮਠਿਆਈ ਅਤੇ ਠੰਡੇ ਦਾ ਪ੍ਰਬੰਧ ਕੀਤਾ ਗਿਆ ਸੀ। ਸਭ ਨੂੰ ਲੰਗਰ ਛਕਣ ਦੀ ਬੇਨਤੀ ਕੀਤੀ ਜਿਸ ਦਾ ਸਾਰਿਆਂ ਨੇ ਅਨੰਦ ਮਾਣਿਆਂ।

# ਕੈਬਨਿਟ ਮੰਤਰੀ ਹਰਭਜਨ ਸਿੰਘ ਵੱਲੋਂ ਚਾਰੇ ਵਿਧਾਇਕਾਂ ਸਮੇਤ ਜ਼ਿਲ੍ਹੇ ਦੇ ਦਰਿਆ ਸਤਲੁਜ ਤੋਂ ਪ੍ਰਭਾਵਿਤ ਖੇਤਰਾਂ ਦਾ ਕਿਸ਼ਤੀ ਵਿੱਚ ਬੈਠ ਕੇ ਦੌਰਾ



ਫ਼ਿਰੋਜ਼ਪੁਰ 13 ਜੁਲਾਈ (ਗਿਆਨ ਸਿੰਘ): ਪੰਜਾਬ ਦੇ ਊਰਜਾ ਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਵੱਲੋਂ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਵਿਧਾਇਕਾਂ ਸ. ਰਣਬੀਰ ਸਿੰਘ ਭੁੱਲਰ, ਸ੍ਰੀ ਰਜਨੀਸ਼ ਦਹੀਆ, ਸ੍ਰੀ ਨਰੇਸ਼ ਕਟਾਰੀਆ ਅਤੇ ਸ. ਫੌਜਾ ਸਿੰਘ ਸਰਾਰੀ ਤੋਂ ਇਲਾਵਾ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਐਸ.ਐਸ.ਪੀ. ਸ. ਭੁਪਿੰਦਰ ਸਿੰਘ ਸਿੱਧੂ ਨਾਲ ਸਤਲੁਜ ਦਰਿਆ ਦੇ ਪਾਣੀ ਤੋਂ ਪ੍ਰਭਾਵਿਤ ਪਿੰਡਾਂ ਰੁਕਨੇ ਵਾਲਾ, ਧੀਰਾ ਘਾਰਾ, ਨਿਹਾਲਾ ਲਵੇਰਾ, ਜਲੋ ਕੇ, ਬੰਡਾਲਾ ਆਦਿ ਦਾ ਦੌਰਾ ਕੀਤਾ ਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਇਸ ਉਪਰੰਤ ਉਨ੍ਹਾਂ ਹੁਸੈਨੀਵਾਲਾ ਨਜ਼ਦੀਕ ਪਿੰਡ ਹਜ਼ਾਰਾ ਸਿੰਘ ਵਾਲਾ ਸਮੇਤ ਹੋਰ ਪਿੰਡਾਂ ਦਾ ਦੌਰਾ ਵੀ ਕੀਤਾ ਤੇ ਬਚਾਅ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਮੌਕੇ ਬਚਾਅ ਕਾਰਜਾਂ ਵਿੱਚ ਲੱਗੇ ਜ਼ਿਲ੍ਹਾ ਪ੍ਰਸ਼ਾਸਨ, ਭਾਰਤੀ ਸੈਨਾ ਅਤੇ ਬੀ.ਐਸ.ਐਫ. ਦੇ ਅਧਿਕਾਰੀਆਂ/ਕਰਮਚਾਰੀਆਂ ਦੇ ਕੰਮ ਦੀ ਸਰਾਹਨਾ ਕੀਤੀ ਅਤੇ ਸ਼ਾਬਾਸ਼ ਵੀ ਦਿੱਤੀ। ਉਨ੍ਹਾਂ ਨੇ ਬਚਾਅ ਕਾਰਜਾਂ ਵਿੱਚ ਜੁੱਟੀਆਂ ਟੀਮਾਂ ਅਤੇ ਪਾਣੀ ਤੋਂ ਪ੍ਰਭਾਵਿਤ ਹੋਏ ਲੋਕਾਂ ਨੂੰ ਫਲ ਵੀ ਵੰਡੇ। ਉਨ੍ਹਾਂ ਕਿਹਾ ਕਿ ਰਾਹਤ ਕਾਰਜਾਂ ਵਿੱਚ ਜੁੱਟੀਆਂ ਹੋਈਆਂ ਟੀਮਾਂ ਕੀਮਤੀ ਜਾਨਾਂ ਨੂੰ ਬਚਾ ਕੇ ਸੁਰੱਖਿਅਤ ਰਾਹਤ ਕੈਂਪਾਂ ਵਿੱਚ ਪਹੁੰਚਾ ਰਹੀਆਂ ਹਨ।

ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਇਸ ਮੁਸ਼ਕਿਲ ਦੀ ਘੜੀ ਵਿੱਚ ਆਪਣੇ ਰਾਜ ਦੇ ਲੋਕਾਂ ਦੇ ਨਾਲ ਹੈ ਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦਰਿਆ ਸਤਲੁਜ ਵਿੱਚ ਹਰੀ ਕੇ ਤੋਂ ਪਾਣੀ ਦਾ ਪੱਧਰ ਘਟਿਆ ਹੈ ਜਿਸ ਕਰਕੇ ਰਾਹਤ ਕਾਰਜਾਂ ਵਿੱਚ ਹੋਰ ਵੀ ਤੇਜ਼ੀ ਲਿਆਂਦੀ ਗਈ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੀੜਤ ਲੋਕਾਂ ਲਈ ਵੱਡੀ ਪੱਧਰ 'ਤੇ ਰਾਹਤ ਕੈਂਪ ਬਣਾਏ ਗਏ ਹਨ ਜਿਨ੍ਹਾਂ ਵਿੱਚ ਲੰਗਰ, ਦਵਾਈਆਂ, ਪਸ਼ੂਆਂ ਲਈ ਚਾਰਾ, ਤਰਪਾਲਾਂ ਸਮੇਤ ਹਰ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਲੋਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਬਚਾਅ ਕਾਰਜਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।


VENUE

HEART LAKE CONVERSATION PARK

SITE - LAKEMOUNT 4

Address: 10818 Heart Lake Rd, Brampton, ON L6Z 0B3



# Samrai Picnic

AUGUST 6, 2023

## ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ਰਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।


# ਤੀਆਂ ਦਾ ਮੇਲਾ 29 ਜੁਲਾਈ ਨੂੰ

ਪਿਛਲੇ ਸਾਲ ਦੀ ਤਰ੍ਹਾ ਇਸ ਸਾਲ ਵੀ ਸਾਉਣ ਦੇ ਮਹੀਨੇ ਵਿਚ ਪੰਜਾਬੀ ਸੱਭਿਆਚਾਰ ਨੂੰ ਪ੍ਰਗਟਾਉਂਦਾ ਤੀਆਂ ਦਾ ਤਿਉਹਾਰ ਮਨਾਇਆ ਜਾਵੇਗਾ। ਇਹ 13ਵਾਂ ਤੀਆਂ ਦਾ ਮੇਲਾ 29 ਜੁਲਾਈ, ਦਿਨ ਸ਼ਨੀਵਾਰ ਨੂੰ ਦੁਪਹਿਰ 3 ਵਜੇ ਤੋਂ ਸ਼ਾਮ 7 ਵਜੇ ਤੱਕ ਮਨਾਇਆ ਜਾਵੇਗਾ। ਪਿਛਲੇ ਸਾਲ ਹੋਏ ਤੀਆਂ ਦੇ ਮੇਲੇ ਨੂੰ ਔਰਤਾਂ ਵਲੋਂ ਚੰਗਾ ਹੁੰਗਾਰਾ ਮਿਲਿਆ ਸੀ। ਇਸ ਵਿਚ ਔਰਤਾਂ ਦੇ ਨਾਲ ਨਾਲ ਬੱਚਿਆਂ ਨੇ ਵੀ ਵੱਡੀ ਗਿਣਤੀ ਵਿਚ ਹਿੱਸਾ ਲਿਆ ਸੀ। ਇਹ ਮੇਲਾ ਬਰੈਂਪਟਨ ਵਿਖੇ ਮਾਉਨਟੇਨਿਸ਼ ਰੋਡ ਉਤੇ ਸਥਿਤ ਸਕੂਲ ਦੇ ਨਾਲ ਲੱਗਦੇ ਪਾਰਕ ਵਿਚ ਕਰਵਾਇਆ ਜਾਵੇਗਾ। ਮੇਲੇ ਵਾਲਾ ਸਥਾਨ ਸੈਂਡਲਵੁੱਡ ਅਤੇ ਇੰਟਰਨੈਸ਼ਨਲ ਏਅਰਪੋਰਟ ਦੇ ਨੇੜੇ ਸਥਿਤ ਹੈ। ਦੂਰੋਂ ਨੇੜਿਉਂ ਸਾਰੀਆਂ ਔਰਤਾਂ ਨੂੰ ਇਸ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਾਂਦਾ ਹੈ। ਇਸ ਮੇਲੇ ਦੌਰਾਨ ਖਾਣ ਪੀਣ ਦਾ ਖੁੱਲ੍ਹਾ ਪ੍ਰਬੰਧ ਹੋਵੇਗਾ। ਵਧੇਰੇ ਜਾਣਕਾਰੀ ਲਈ ਬੀਬੀ ਸੁਰਜੀਤ ਕੌਰ ਗਰੇਵਾਲ ਨਾਲ 437-249-1571, ਬੀਬੀ ਬਲਜਿੰਦਰ ਕੌਰ ਦਿਓਲ ਨਾਲ 437-778-3552 ਅਤੇ ਸਹਿਯੋਗੀ ਪ੍ਰਬੰਧਕ ਗੁਰਮੇਲ ਸਿੰਘ ਸੱਗੂ ਨਾਲ 416-648-6706 ਉਤੇ ਸੰਪਰਕ ਕੀਤਾ ਜਾ ਸਕਦਾ ਹੈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਵੱਲੋਂ ਪੀੜ੍ਹਤ ਨੂੰ ਡੇਢ ਲੱਖ ਦਾ ਮੁਆਵਜ਼ਾ ਜਾਰੀ

ਫਿਰੋਜ਼ਪੁਰ, 13 ਜੁਲਾਈ (ਗਿਆਨ ਸਿੰਘ): ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ ਨਗਰ (ਮੋਹਾਲੀ) ਜੀਆਂ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਸ਼੍ਰੀ ਵੀਰਇੰਦਰ ਅਗਰਵਾਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਜੀਆਂ ਦੀ ਰਹਿਨੁਮਾਈ ਹੇਠ ਮਿਸ ਏਕਤਾ ਉੱਪਲ, ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਜੀਆਂ ਵੱਲੋਂ ਇੱਕ ਬਲਾਤਕਾਰ ਕੇਸ ਵਿੱਚ ਪੀੜ੍ਹਤ ਨੂੰ ਰੁ.1,50,000/- ਦਾ ਮੁਆਵਜਾ ਪਾਸ ਕੀਤਾ ਹੈ। ਇਹ ਮੁਆਵਜਾ ਮਾਨਯੋਗ ਜੱਜ ਸਾਹਿਬ ਵੱਲੋਂ ਪੰਜਾਬ ਪੀੜ੍ਹਤ ਮੁਆਵਜਾ ਸਕੀਮ ਅਧੀਨ ਦਿੱਤਾ ਗਿਆ। ਅੱਜ ਪੀੜ੍ਹਤ ਲੜਕੀ ਅਤੇ ਉਸ ਦਾ ਪਰਿਵਾਰ ਖੁਸ਼ ਸੀ ਅਤੇ ਉਹਨਾਂ ਵੱਲੋਂ ਦੱਸਿਆ ਗਿਆ ਕਿ ਇਸ ਮੁਆਵਜੇ ਦੀ ਰਕਮ ਨਾਲ ਉਹਨਾਂ ਦੀ ਬੱਚੀ ਦਾ ਭਵਿੱਖ ਸਵਰ ਸਕਦਾ ਹੈ। ਇਸ ਦੇ ਨਾਲ ਹੀ ਜੱਜ ਸਾਹਿਬ ਵੱਲੋਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪੰਜਾਬ ਪੀੜ੍ਹਤ ਮੁਆਵਜਾ ਸਕੀਮ ਅਧੀਨ ਪੀੜ੍ਹਤ ਨੂੰ ਮੁਆਵਜਾ ਦਿੱਤਾ ਜਾਂਦਾ ਹੈ ਜਿਸ ਸਬੰਧੀ ਵਧੇਰੇ ਜਾਣਕਾਰੀ ਲਈ ਉਹ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ, ਝੋਕ ਰੋਡ, ਨੇੜੇ ਸ਼ੇਰ ਸ਼ਾਹ ਵਾਲੀ ਚੌਕ, ਫਿਰੋਜਪੁਰ ਕੈਂਟ ਵਿਖੇ ਸੰਪਰਕ ਕਰ ਸਕਦੇ ਹਨ।

# ਮੁੰਬਈ 'ਚ ਨਸ਼ੀਲੇ ਪਦਾਰਥਾਂ ਦੀ ਸਮੱਗਲਿੰਗ ਕਰਨ ਵਾਲੇ ਗਿਰੋਹ ਦੇ 7 ਮੈਂਬਰ ਫੜ੍ਹੇ




ਮੁੰਬਈ, 13 ਜੁਲਾਈ (ਪੋਸਟ ਬਿਊਰੋ): ਪੁਲਸ ਦੇ ਐਂਟੀ ਨਾਰਕੋਟਿਕਸ ਸੈੱਲ ਨੇ 2 ਨਾਈਜੀਰੀਅਨਾਂ ਸਮੇਤ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜਿਸ ਦਾ ਨੈੱਟਵਰਕ ਮੁੰਬਈ-ਪੁਣੇ ਅਤੇ ਗੋਆ ਵਿੱਚ ਫੈਲਿਆ ਹੋਇਆ ਸੀ। ਇਸ ਗਿਰੋਹ ਦੀ ਇਕ ਔਰਤ ਹਰ ਰਾਤ ਇਕੱਲੀ ਬੱਸ ਜਾਂ ਟੈਕਸੀ ਰਾਹੀਂ ਮੁੰਬਈ ਤੋਂ ਨਸ਼ਾ ਸਪਲਾਈ ਕਰਨ ਲਈ ਪੁਣੇ ਜਾਂਦੀ ਸੀ ਅਤੇ ਫਿਰ ਵਾਪਸ ਵੀ ਆਉਂਦੀ ਸੀ। ਪੁਲਿਸ ਨੇ ਇਸ ਮਾਮਲੇ ਵਿੱਚ 7 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਐਮਡੀਐਮਏ ਅਤੇ ਕੋਕੀਨ ਵੀ ਬਰਾਮਦ ਕੀਤੀ ਹੈ।

ਮੁੰਬਈ ਪੁਲਿਸ ਅਨੁਸਾਰ ਨਸ਼ੀਲੇ ਪਦਾਰਥਾਂ ਦੇ ਵਪਾਰੀਆਂ ਦੇ ਇਸ ਗਿਰੋਹ ਦਾ ਨੈੱਟਵਰਕ ਮੁੰਬਈ-ਪੁਣੇ ਅਤੇ ਗੋਆ ਵਿੱਚ ਫੈਲਿਆ ਹੋਇਆ ਸੀ ਅਤੇ ਇਸ ਗਿਰੋਹ ਦਾ ਆਗੂ ਕੋਈ ਹੋਰ ਨਹੀਂ ਬਲਕਿ ਮੁੰਬਈ ਦੇ ਪੌਸ਼ ਇਲਾਕੇ ਦੇ ਕੈਂਪਸ ਕਾਰਨਰ ਵਿੱਚ ਰਹਿਣ ਵਾਲੀ ਇੱਕ ਸਾਬਕਾ ਸਕੂਲ ਅਧਿਆਪਕ ਹੈ। ਜਿਸ ਦੀ ਪਛਾਣ ਸੁਕੋਰੀਨਾ ਫਰਨਾਂਡੀਜ਼ ਵਜੋਂ ਹੋਈ ਹੈ। 58 ਸਾਲਾ ਸੁਕੋਰੀਨਾ ਖੁਦ ਨਸ਼ੇ ਦੀ ਡਿਲੀਵਰੀ ਲਈ ਬੱਸ ਜਾਂ ਟੈਕਸੀ ਰਾਹੀਂ ਪੁਣੇ ਜਾਂਦੀ ਸੀ, ਉਹ ਰਾਤ ਨੂੰ ਵੀ ਇਕੱਲੀ ਜਾਂਦੀ ਸੀ ਅਤੇ ਡਿਲੀਵਰੀ ਦੇ ਤੁਰੰਤ ਬਾਅਦ ਵਾਪਸ ਆ ਜਾਂਦੀ ਸੀ।

ਪੁਲਿਸ ਅਨੁਸਾਰ ਸੁਕੋਰੀਨਾ ਦੇ ਨਾਲ ਉਸ ਦਾ ਪੁੱਤਰ ਵੀ ਨਸ਼ਾ ਤਸਕਰੀ ਵਿੱਚ ਸ਼ਾਮਲ ਸੀ। ਦੋਵੇਂ ਮਲਾਡ ਦੀ ਔਰਤ ਅੰਜੂ ਵਿਜੇ ਪਾਲ ਉਰਫ਼ ਮੇਰੀ ਮਾਸੀ ਤੋਂ ਨਸ਼ਾ ਲਿਆ ਕੇ ਪੁਣੇ ਅਤੇ ਗੋਆ ਨੂੰ ਨਸ਼ਾ ਸਪਲਾਈ ਕਰਦੇ ਸਨ। ਪੁਲਿਸ ਮੁਤਾਬਕ ਗੁਪਤ ਸੂਚਨਾ ਮਿਲਣ 'ਤੇ ਕਈ ਥਾਵਾਂ 'ਤੇ ਇੱਕੋ ਸਮੇਂ ਛਾਪੇਮਾਰੀ ਕਰਕੇ ਦੋ ਨਾਈਜੀਰੀਅਨਾਂ ਸਮੇਤ 7 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

# ਜ਼ਿਲ੍ਹਾ ਪ੍ਰਸ਼ਾਸ਼ਨ ਮੋਗਾ ਹੜ੍ਹ ਪ੍ਰਭਾਵਿਤ ਲੋਕਾਂ ਲਈ ਰਾਹਤ ਕਾਰਜ ਚਲਾ ਰਿਹੈ ਜ਼ੋਰਾਂ 'ਤੇ



ਮੋਗਾ, 13 ਜੁਲਾਈ (ਗਿਆਨ ਸਿੰਘ): ਜ਼ਿਲ੍ਹਾ ਪ੍ਰਸ਼ਾਸ਼ਨ ਮੋਗਾ ਜ਼ਿਲ੍ਹਾ ਮੋਗਾ ਵਿੱਚ ਹੜ੍ਹ ਤੋਂ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਤੱਕ ਰਸਦ ਵਸਤਾਂ ਪਹੁੰਚਾਉਣ ਲਈ ਦਿਨ ਰਾਤ ਕੰਮ ਕਰ ਰਿਹਾ ਹੈ। ਜ਼ਿਲ੍ਹਾ ਮੋਗਾ ਵਿੱਚ ਧਰਮਕੋਟ ਦੇ ਦਰਿਆ ਦੇ ਲਾਗਲੇ ਪਿੰਡਾਂ ਦੇ ਲੋਕ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਹਨ ਜਿਨ੍ਹਾਂ ਨਾਲ ਜ਼ਿਲ੍ਹਾ ਪ੍ਰਸ਼ਾਸ਼ਨ ਲਗਾਤਾਰ ਪਹੁੰਚ ਬਣਾ ਕੇ ਹਰ ਸੰਭਵ ਸਹਾਇਤਾ ਕਰ ਰਿਹਾ ਹੈ। ਉਨ੍ਹਾਂ ਦੀ 24 ਘੰਟੇ ਸਹਾਇਤਾ ਲਈ ਮੈਡੀਕਲ ਟੀਮਾਂ ਦੀ ਤਾਇਨਾਤੀ ਤੋਂ ਇਲਾਵਾ ਫਲੱਡ ਕੰਟਰੋਲ ਰੂਮ ਵੀ ਸਥਾਪਿਤ ਕੀਤੇ ਗਏ ਹਨ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਨਿੱਤ ਦਿਨ ਵਾਂਗ ਅੱਜ ਪਿੰਡ ਮੰਡੇਰ ਕਲਾਂ, ਰਾਹਤ ਕੇਂਦਰ ਭੈਣੀ, ਕੋਟ ਈਸੇ ਖਾਂ, ਦੌਲੇਵਾਲਾ ਕਲਾਂ, ਬੱਗੇ, ਮੰਡੇਰ ਕਲਾਂ ਆਦਿ ਵਿਖੇ ਲੰਗਰ ਲਗਾਉਣ ਤੋਂ ਇਲਾਵਾ ਖਾਣ-ਪੀਣ ਦੀਆਂ ਵਸਤਾਂ ਜਿਵੇਂ ਕਿ ਬਿਸਕੁਟ, ਪਾਣੀ ਦੀਆਂ ਬੋਤਲਾਂ, ਕੇਲੇ ਆਦਿ ਦੀ ਵੰਡ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਵਿੱਚ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਜ਼ਿਲ੍ਹੇ ਦੀਆਂ ਐਨ.ਜੀ.ਓ.ਜ਼, ਆਮ ਲੋਕਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਲ ਰਹੇ ਹਨ।ਸਤਲੁਜ ਦਰਿਆ ਲਾਗਲੇ ਪਿੰਡਾਂ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਦੇ ਰਾਹਤ ਕਾਰਜ ਲਗਾਤਾਰ ਚਲਾਏ ਜਾ ਰਹੇ ਹਨ।


TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਊਰਟੀ ਕੈਮਰੇ ਸਿਰਫ $999 ਵਿੱਚ ਲਗਵਾਓ


NEED A LAWYER ??
Red Seal NOTARY
KAUR LAW OFFICE

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care


Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!


FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111




ਕੈਨੇਡੀਅਨ ਪੰਜਾਬੀ ਪੋਸਟ | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

# Matrimonial
## ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

### CHANGE OF NAME

**I Harpreet Kaur Brar** D/o Dharamdev Singh Address: 131 Sunny Meadow Blvd., Brampton, L6R 2H8, ON has changed my name to **'Harpreet Kaur Badesha'**

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500


Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


Visions of Punjab

VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host

Iqbal Mahal Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ

ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ

ਹਰਜੀਤ ਧਨੋਆ
416.230.4000 • 647.409.1092
www.STARLANEPAINTING.com

ਸੈਲ ਐਡ ਫਿਕਸ

ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਵੈਲੀਕਰੀਕ ਸੀਨੀਅਰਜ਼ ਕਲੱਬ ਵੱਲੋਂ ਮੇਲੇ ਦਾ ਆਯੋਜਨ 23 ਜੁਲਾਈ ਨੂੰ

ਦਿਨ ਐਤਵਾਰ, 23 ਜੁਲਾਈ 2023 ਨੂੰ ਵੈਲੀਕਰੀਕ ਸੀਨੀਅਰਜ਼ ਕਲੱਬ ਵਲੋਂ ਮੇਲਾ,1200 ਕੋਟਟ੍ਰੇਲੇ ਤੇ ਵਿੱਚ, ਜੋ ਕਿ ਵੈਲੀਕਰੀਕ ਅਤੇ ਕੋਟਟ੍ਰੇਲੇ ਦੀ ਨੁੱਕਰ ਤੇ ਹੈ, ਕਰਵਾਇਆ ਜਾ ਰਿਹਾ ਹੈ। ਮੇਲੇ ਵਿੱਚ ਬੱਚਿਆਂ ਦੀਆਂ ਖੇਡਾਂ, ਉੱਮਰ 7 ਤੋਂ 8 ਸਾਲ, 9 ਤੋਂ 10 ਸਾਲ ਅਤੇ 11 ਤੋਂ 12 ਸਾਲ, ਮੁੰਡੇ ਅਤੇ ਕੁੜੀਆਂ ਦੀਆਂ ਅਲੱਗ ਅਤੇ ਲੇਡੀਜ਼ ਲਈ ਚਮਚਾ ਰੇਸ, ਮਿਊਜ਼ਿਕਲ ਚੇਅਰ ਅਤੇ ਆਦਮੀਆਂ ਲਈ ਮਿਊਜ਼ਿਕਲ ਚੇਅਰ ਦੀਆਂ ਖੇਡਾਂ ਕਰਵਾਈਆਂ ਜਾਣਗੀਆਂ। ਸਾਰੇ ਪਤਵੰਤੇ ਸੱਜਣਾ ਨੂੰ ਸੱਦਾ ਦਿੱਤਾ ਜਾਵੇਗਾ। ਖਾਣ ਪੀਣ ਦਾ ਖੁੱਲਾ ਪ੍ਰਬੰਧ ਹੋਵੇਗਾ। ਮੇਲੇ ਦੀ ਸ਼ਾਨ ਵਧਾਉਣ ਲਈ, ਆਪ ਸਭ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਹੁਮ ਹੁੱਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ। ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ। ਮੇਜ਼ਰ ਸਿੰਘ ਗਿੱਲ (ਪ੍ਰਧਾਨ) 437 577 1148, ਬਹਾਦਰ ਸਿੰਘ ਲਾਲੀ (ਵਾਈਸ ਪ੍ਰਧਾਨ) 905 915 1952, ਦਿਲਬਾਗ ਰਾਏ ਚੌਹਾਨ (ਸੈਕਟਰੀ) 647 564 1212, ਜੰਗ ਸਿੰਘ ਭੰਡਾਲ (ਖ਼ਜ਼ਾਨਚੀ) 647 637 4599




# ਕੁਲਦੀਪ ਸਿੰਘ ਧਾਲੀਵਾਲ ਨੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਹੜ੍ਹ ਰੋਕੂ ਪ੍ਰਬੰਧਾਂ ਬਾਰੇ ਕੀਤੀ ਰੀਵਿਊ ਮੀਟਿੰਗ

ਚੰਡੀਗੜ੍ਹ, 13 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਐਨ.ਆਰ.ਆਈ. ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਜ਼ਲ੍ਹਿਾ ਗੁਰਦਾਸਪੁਰ ਦੇ ਪੰਚਾਇਤ ਭਵਨ ਵਿਖੇ ਹੜ੍ਹਾਂ ਤੋਂ ਬਚਾਅ ਲਈ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਕੀਤੇ ਗਏ ਪ੍ਰਬੰਧਾਂ ਅਤੇ ਤਿਆਰੀਆਂ ਦਾ ਰੀਵਿਊ ਕੀਤਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਸਮਾਂ ਰਹਿੰਦੇ ਹੋਏ ਹੜ੍ਹ ਰੋਕੂ ਪ੍ਰਬੰਧਾਂ ਨੂੰ ਮੁਕੰਮਲ ਕਰ ਲੈਣ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਹੋਣ ਵਾਲੀ ਬਾਰਸ਼ ਕਾਰਨ ਸੰਭਾਵੀ ਹੜ੍ਹਾਂ ਦੀ ਭਿਆਨਕ ਤ੍ਰਾਸਦੀ ਨੂੰ ਰੋਕਿਆ ਜਾ ਸਕੇ।



ਧਾਲੀਵਾਲ ਨੇ ਕਿਹਾ ਕਿ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਗਰਾਊਂਡ ਜ਼ੀਰੋ ’ਤੇ ਜਾ ਕੇ ਹੜ੍ਹ ਰੋਕੂ ਪ੍ਰਬੰਧਾਂ ਲਈ ਕੰਮ ਕਰਨ ਦੀਆਂ ਹਦਾਇਤਾਂ ਦਿੰਦਿਆਂ ਕਿਹਾ ਕਿ ਡਰੇਨਜ਼ ਵਿਭਾਗ, ਲੋਕ ਨਿਰਮਾਣ ਵਿਭਾਗ, ਮੰਡੀ ਬੋਰਡ, ਪੰਚਾਇਤ ਵਿਭਾਗ ਅਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਐਕਸ਼ਨ ਟੀਮਾਂ ਬਣਾ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਇਹ ਟੀਮਾਂ ਆਪੋ-ਆਪਣੇ ਖੇਤਰਾਂ ਵਿੱਚ ਇਹ ਯਕੀਨੀ ਬਣਾਉਣਗੀਆਂ ਕਿ ਸੇਮ ਨਾਲਿਆਂ ਦੇ ਸਾਰੇ ਪੁੱਲ ਅਤੇ ਪੁੱਲੀਆਂ ਸਾਫ਼ ਹੋਣ ਅਤੇ ਕੋਈ ਵੀ ਨਾਲਾ ਬਲਾਕ ਨਾ ਰਹੇ। ਉਨ੍ਹਾਂ ਕਿਹਾ ਕਿ ਜਿਹੜੇ ਨਾਲੇ ਅਜੇ ਤੱਕ ਸਾਫ਼ ਨਹੀਂ ਹੋ ਸਕੇ, ਉਨ੍ਹਾਂ ਨੂੰ ਵੀ ਤੁਰੰਤ ਸਾਫ਼ ਕੀਤਾ ਜਾਵੇ। ਇਸਦੇ ਨਾਲ ਹੀ ਲੋਕ ਨਿਰਮਾਣ ਵਿਭਾਗ ਅਤੇ ਮੰਡੀ ਬੋਰਡ ਦੇ ਅਧਿਕਾਰੀ ਜ਼ਿਲ੍ਹੇ ਵਿਚੋਂ ਲੰਘਦੇ ਜੀ.ਟੀ. ਰੋਡ ਅਤੇ ਹੋਰ ਸੰਪਰਕ ਸੜਕਾਂ ਦੇ ਥੱਲਿਓਂ ਪਾਣੀ ਦੀ ਨਿਕਾਸੀ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਸਬੰਧੀ ਰਿਪੋਰਟ ਵੀ ਤਿਆਰ ਕਰਨ ਲਈ ਕਿਹਾ।

ਕੈਬਨਿਟ ਮੰਤਰੀ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਉਹ ਹੜ੍ਹ ਵਰਗੀ ਕਿਸੇ ਵੀ ਸੰਭਾਵੀ ਤ੍ਰਾਸਦੀ ਤੋਂ ਬਚਾਅ ਲਈ ਮੈਡੀਕਲ ਟੀਮਾਂ ਅਤੇ ਦਵਾਈਆਂ ਆਦਿ ਦੇ ਅਗੇਤੇ ਪ੍ਰਬੰਧ ਕਰਕੇ ਰੱਖਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੀ ਗਿਣਤੀ ਵਿੱਚ ਕਿਸ਼ਤੀਆਂ, ਫੂਡ ਪੈਕ, ਪੀਣ ਵਾਲੇ ਪਾਣੀ ਆਦਿ ਦਾ ਪ੍ਰਬੰਧ ਕਰਕੇ ਰੱਖਿਆ ਜਾਵੇ।

ਧਾਲੀਵਾਲ ਨੇ ਕਿਹਾ ਕਿ ਸ਼ਹਿਰਾਂ ਦੇ ਨੀਵੇਂ ਇਲਾਕਿਆਂ ਨੂੰ ਬਰਸਾਤੀ ਪਾਣੀ ਭਰਨ ਤੋਂ ਬਚਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸ਼ਹਿਰਾਂ ਦੇ ਸੀਵਰੇਜ ਸਿਸਟਮ ਨੂੰ ਸਾਫ਼ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਸ਼ਹਿਰਾਂ ਵਿੱਚੋਂ ਲੰਘਦੇ ਨਾਲੇ ਪੂਰੀ ਤਰਾਂ ਸਾਫ਼ ਹੋਣ ਤਾਂ ਜੋ ਉਨ੍ਹਾਂ ਦਾ ਪਾਣੀ ਸ਼ਹਿਰਾਂ ਵਿੱਚ ਹੜ੍ਹ ਦਾ ਕਾਰਨ ਨਾ ਬਣੇ।

ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਧਿਕਾਰੀਆਂ ਨੂੰ ਕਿਹਾ ਕਿ ਹੜ੍ਹ ਰੋਕੂ ਪ੍ਰਬੰਧਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਜੋ ਵੀ ਮਦਦ ਸਰਕਾਰ ਕੋਲੋਂ ਚਾਹੀਦੀ ਹੈ, ਉਸਦੀ ਡਿਮਾਂਡ ਦਿੱਤੀ ਜਾਵੇ ਤਾਂ ਜੋ ਉਸ ਨੂੰ ਬਿਨ੍ਹਾਂ ਸਮਾਂ ਗੁਵਾਏ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਜਿਥੇ ਹੜ੍ਹਾਂ ਨਾਲ ਨਜਿੱਠਣ ਲਈ ਪੂਰੀ ਤਰਾਂ ਸਮਰੱਥ ਅਤੇ ਤਿਆਰ ਹੈ, ਉੱਥੇ ਜਿਹੜੇ ਵਿਅਕਤੀਆਂ ਦਾ ਹੜ੍ਹ ਕਾਰਨ ਨੁਕਸਾਨ ਹੋਇਆ ਹੈ ਉਸਦੀ ਭਰਪਾਈ ਵੀ ਸਰਕਾਰ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਸੂਬਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਜਾਰੀ ਕੀਤੇ ਜਾਂਦੇ ਨਿਰਦੇਸ਼ਾਂ ਦੀ ਲਾਜ਼ਮੀ ਤੌਰ ’ਤੇ ਪਾਲਣਾ ਕਰਨ।

ਮੀਟਿੰਗ ਦੌਰਾਨ ਹੜ੍ਹ ਰੋਕੂ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਹੜ੍ਹਾਂ ਦੇ ਕਿਸੇ ਵੀ ਸੰਭਾਵੀ ਖ਼ਤਰੇ ਨਾਲ ਨਜਿੱਠਣ ਲਈ ਤਿਆਰ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਟੀਮਾਂ ਦਾ ਗਠਨ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹੜ੍ਹਾਂ ਸਬੰਧੀ ਪੂਰੀ ਚੌਕਸੀ ਵਰਤ ਰਿਹਾ ਹੈ ਅਤੇ ਦਰਿਆਵਾਂ ਵਿੱਚ ਪਾਣੀ ਛੱਡੇ ਜਾਣ ਦੀ ਅਗਾਊਂ ਸੂਚਨਾ ਜ਼ਿਲ੍ਹਾ ਵਾਸੀਆਂ ਤੱਕ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦਾਸਪੁਰ ਵਿਖੇ ਇੱਕ ਵਿਸ਼ੇਸ਼ ਫਲੱਡ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜੋ ਦਿਨ ਰਾਤ ਕੰਮ ਕਰ ਰਿਹਾ ਹੈ।











ROYAL CANADIAN
International
CIRCUS
UNDER THE BIG TOP
BRAMPTON & MISSISSAUGA
July 6–August 20
2 for 1
GENERAL ADMISSION
TICKETS
at royalcanadiancircus.ca with Promo Code Punjabi


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017